# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖ਼ਬਰਾਂ ਪੰਜਾਬੀ

**18:20 Pm**

**ਮਿਤੀ: 27-10-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਡਿਜੀਟਲ ਅਰੈਸਟ ਦੇ ਨਾਂ 'ਤੇ ਕੀਤੀ ਜਾ ਰਹੀ ਧੋਖਾਧੜੀ 'ਤੇ ਚਿੰਤਾ ਜ਼ਾਹਰ ਕੀਤੀ -ਉਨ੍ਹਾਂ ਨੇ ਲੋਕਾਂ ਨੂੰ, ਨਾ ਘਬਰਾਉਣ ਅਤੇ ਡਿਜੀਟਲ ਸੁਰੱਖਿਆ ਲਈ ਜ਼ਰੂਰੀ ਕਦਮ ਚੁੱਕਣ ਦੀ ਦਿੱਤੀ ਸਲਾਹ।
- ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿਚ, ਦੇਸ਼ ਵਿਦੇਸ਼ 'ਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਪ੍ਰਧਾਨ ਮੰਤਰੀ ਨੇ, ਤਿਓਹਾਰਾਂ ਦੇ ਇਸ ਸੀਜ਼ਨ ਦੌਰਾਨ 'ਵੋਕਲ ਫਾਰ ਲੋਕਲ' ਦੇ ਮੰਤਰ ਨਾਲ ਖਰੀਦਦਾਰੀ ਕਰਨ ਦਾ ਸੱਦਾ ਦਿੱਤਾ।
- ਪੰਜਾਬ ਪੁਲਿਸ ਨੇ ਪਾਕਿਸਤਾਨ ਸਥਿਤ ਤਸਕਰੀ ਰੈਕੇਟ ਦਾ ਪਰਦਾਫਾਸ਼ ਕਰਦਿਆਂ, ਸੂਬੇ ਵਿੱਚ 105 ਕਿਲੋਗ੍ਰਾਮ ਹੈਰੋਇਨ ਦੀ ਸਭ ਤੋਂ ਵੱਡੀ ਖੇਪ ਬਰਾਮਦ ਕੀਤੀ।

• ਇੰਡੀਅਨ ਆਇਲ ਮੁੰਬਈ ਨੇ, 41ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਦਾ ਖਿਤਾਬ 6ਵੀਂ ਵਾਰ ਆਪਣੇ ਨਾਮ ਕੀਤਾ।

------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 'ਡਿਜੀਟਲ ਅਰੈਸਟ' ਬਾਰੇ ਚਿੰਤਾ ਜ਼ਾਹਰ ਕੀਤੀ ਏ।ਅੱਜ ਆਕਾਸ਼ਵਾਣੀ 'ਤੇ, ਮਨ ਕੀ ਬਾਤ ਪ੍ਰੋਗਰਾਮ ਵਿੱਚ, ਦੇਸ਼-ਵਿਦੇਸ਼ ਵਿਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ, ਪ੍ਰਧਾਨ ਮੰਤਰੀ ਨੇ ਜ਼ਿਕਰ ਕੀਤਾ ਕਿ ਕਾਨੂੰਨ ਤਹਿਤ, ਡਿਜੀਟਲ ਅਰੈਸਟ' ਦੀ ਕੋਈ ਵਿਵਸਥਾ ਨਹੀਂ ਏ। ਊਨਾ ਸਪਸ਼ੱਟ ਕੀਤਾ ਕਿ ਡਿਜੀਟਲ ਅਰੈਸਟ' ਦੇ ਨਾਮ 'ਤੇ ਹੋ ਰਹੀ ਅਜਿਹੀ ਧੋਖਾਧੜੀ ਨਾਲ ਨਜਿੱਠਣ ਲਈ, ਸਾਰੀਆਂ ਜਾਂਚ ਏਜੰਸੀਆਂ, ਸੂਬਾ ਸਰਕਾਰਾਂ ਨਾਲ ਮਿਲ ਕੇ ਕੰਮ ਕਰ ਰਹੀਆਂ ਨੇ। BYTE: ਪ੍ਰਧਾਨ ਮੰਤਰੀ ਨੇ ਪ੍ਰੋਗਰਾਮ ਦੌਰਾਨ ਪੀੜਤ ਅਤੇ ਧੋਖੇਬਾਜ਼ ਵਿਚਕਾਰ ਹੋਈ ਗੱਲਬਾਤ ਨੂੰ ਵੀ ਸੁਣਾਇਆ । ਗੱਲਬਾਤ ਦੌਰਾਨ ਧੋਖੇਬਾਜ਼ ਆਪਣੇ ਆਪ ਨੂੰ, ਪੁਲਿਸ, ਸੀ.ਬੀ.ਆਈ ਜਾਂ ਨਾਰਕੋਟਿਕਸ ਵਿਭਾਗ ਦਾ ਅਧਿਕਾਰੀ ਦੱਸ ਰਿਹਾ ਸੀ। ਉਨ੍ਹਾਂ ਕਿਹਾ ਕਿ ਅਜਿਹੇ ਧੋਖੇਬਾਜ਼, ਪੀੜਤਾਂ ਦੀ ਨਿੱਜੀ ਜਾਣਕਾਰੀ ਇਕੱਠੀ ਕਰਦੇ ਨੇ ਅਤੇ ਡਰ ਦਾ ਮਾਹੌਲ ਪੈਦਾ ਕਰਦੇ ਨੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਹਰ

ਉਮਰ ਵਰਗ ਦੇ ਲੋਕ ਡਿਜ਼ੀਟਲ ਗ੍ਰਿਫਤਾਰੀ ਦਾ ਸ਼ਿਕਾਰ ਹੋਏ ਹਨ, ਉਨ੍ਹਾਂ ਨੂੰ ਡਰ ਦੇ ਮਾਰੇ ਲੱਖਾਂ ਰੁਪਏ ਦਾ ਨੁਕਸਾਨ ਹੋਇਆ ਏ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ, ਅਜਿਹੀਆਂ ਧੋਖਾਧੜੀ ਵਾਲੀਆਂ ਕਾਲਾਂ ਆਉਣ 'ਤੇ ਨਾ ਘਬਰਾਉਣ। ਉਨ੍ਹਾਂ ਲੋਕਾਂ ਨੂੰ ਜਾਗਰੂਕ ਕੀਤਾ ਕਿ ਜਾਂਚ ਏਜੰਸੀਆਂ ਕਦੇ ਵੀ ਫੋਨ ਜਾਂ ਵੀਡੀਓ ਕਾਲਾਂ ਰਾਹੀਂ ਪੁੱਛ-ਗਿੱਛ ਨਹੀਂ ਕਰਦੀਆਂ। ਪ੍ਰਧਾਨ ਮੰਤਰੀ ਨੇ ਡਿਜੀਟਲ ਸੁਰੱਖਿਆ ਲਈ ਤਿੰਨ ਉਪਾਵਾਂ 'ਤੇ ਚਰਚਾ ਕੀਤੀ। BYTE: ਪ੍ਰਧਾਨ ਮੰਤਰੀ ਨੇ ਅਜਿਹੇ ਸਾਈਬਰ ਧੋਖਾਧੜੀ ਦੇ ਪੀੜਤਾਂ ਨੂੰ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ #Safe Digital India ਦੀ ਵਰਤੋਂ ਕਰਨ ਲਈ ਕਿਹਾ। ਉਨ੍ਹਾਂ ਸਕੂਲਾਂ ਅਤੇ ਕਾਲਜਾਂ ਨੂੰ ਵੀ ਸਾਈਬਰ ਘੁਟਾਲਿਆਂ ਵਿਰੁੱਧ ਵਿੱਢੀ ਮੁਹਿੰਮ ਵਿੱਚ ਵਿਦਿਆਰਥੀਆਂ ਨੂੰ ਸ਼ਾਮਲ ਕਰਨ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਖੁਸ਼ੀ ਪ੍ਰਗਟ ਕੀਤੀ ਕਿ ਆਤਮ-ਨਿਰਭਰ ਭਾਰਤ ਅਭਿਆਨ, ਸਫਲ ਰਿਹਾ ਏ ਅਤੇ ਇਹ ਮੁਹਿੰਮ ਰਾਸ਼ਟਰ ਦੀ ਸਮੂਹਿਕ ਚੇਤਨਾ ਦਾ ਹਿੱਸਾ ਬਣ ਗਈ ਏ। ਉਨ੍ਹਾਂ ਲੋਕਾਂ ਨੂੰ ਤਿਓਹਾਰਾਂ ਦੇ ਇਸ ਸੀਜ਼ਨ ਦੌਰਾਨ 'ਵੋਕਲ ਫਾਰ ਲੋਕਲ' ਦੇ ਮੰਤਰ ਨਾਲ ਖਰੀਦਦਾਰੀ ਕਰਨ ਦਾ ਸੱਦਾ ਦਿੱਤਾ। ਪ੍ਰਧਾਨ ਮੰਤਰੀ ਨੇ 'ਫਿਟ ਇੰਡੀਆ' ਦੇ ਵਿਸ਼ੇ 'ਤੇ ਵੀ ਚਰਚਾ ਕਰਦਿਆਂ, ਤਸੱਲੀ ਪ੍ਰਗਟਾਈ ਕਿ ਭਾਰਤ ਵਿੱਚ ਲੋਕ, ਫਿਟਨੈਸ ਨੂੰ ਲੈ

ਕੇ ਜ਼ਿਆਦਾ ਜਾਗਰੂਕ ਹੋ ਰਹੇ ਨੇ । ਉਨ੍ਹਾਂ ਜ਼ਿਕਰ ਕੀਤਾ ਕਿ ਫਿਟ ਇੰਡੀਆ ਦੀ ਇਹ ਭਾਵਨਾ ਹੁਣ ਇੱਕ ਜਨ ਅੰਦੋਲਨ ਬਣ ਰਹੀ ਏ । ਸ਼੍ਰੀ ਮੋਦੀ ਨੇ ਇਸ ਸਾਲ 31 ਅਕਤੂਬਰ ਨੂੰ ਦੀਵਾਲੀ ਦੇ ਮੌਕੇ 'ਤੇ ਸਰਦਾਰ ਪਟੇਲ ਦੀ ਜਯੰਤੀ ਦਾ ਵੀ ਜ਼ਿਕਰ ਕੀਤਾ । ਉਨ੍ਹਾਂ , 29 ਅਕਤੂਬਰ ਨੂੰ 'ਰਨ ਫਾਰ ਯੂਨਿਟੀ' ਵਿਚ ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ 'ਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਦੇਸ਼ਵਾਸੀਆਂ ਨੂੰ, ਧਨਤੇਰਸ, ਦੀਵਾਲੀ, ਛਠ ਪੂਜਾ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਮੇਤ ਆਉਣ ਵਾਲੇ ਹੋਰਨਾਂ ਤਿਉਹਾਰਾਂ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

--------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚੱਬੇਵਾਲ ਵਿਧਾਨ ਸਭਾ ਜ਼ਿਮਨੀ ਚੋਣ ਸਬੰਧੀ ਹੁਸ਼ਿਆਰਪੁਰ ਦੇ ਮੇਹਟੀਆਣਾ ਵਿੱਚ ਰੱਖੇ ਪ੍ਰੋਗਰਾਮ ਵਿੱਚ ਪਾਰਟੀ ਦੇ ਵਲੰਟੀਅਰਾਂ ਅਤੇ ਸਮਰਥਕਾਂ ਨੂੰ ਸੰਬੋਧਨ ਕੀਤਾ ।ਉਨ੍ਹਾਂ ਚੱਬੇਵਾਲ ਜ਼ਿਮਨੀ ਚੋਣਾਂ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਅਤੇ ਵਰਕਰਾਂ ਨੂੰ ਇਕਜੁੱਟ ਹੋ ਕੇ ਪਾਰਟੀ ਦੀ ਜਿੱਤ ਲਈ ਪ੍ਰੇਰਿਤ ਕੀਤਾ । ਮੁੱਖ ਮੰਤਰੀ ਨੇ ਪੰਜਾਬ ਸਰਕਾਰ ਵੱਲੋਂ ਲਾਗੂ ਕੀਤੀਆਂ ਕਈ ਅਹਿਮ ਯੋਜਨਾਵਾਂ ਦੀ ਜਾਣਕਾਰੀ ਦਿਤੀ । ਉਨ੍ਹਾਂ ਕਿਹਾ ਕਿ ਸੂਬੇ

ਵਿੱਚ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕੀਤੇ ਗਏ ਨੇ । ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪਲਾਟਾਂ ਦੀ ਰਜਿਸਟ੍ਰੇਸ਼ਨ ਲਈ ਐਨਓਸੀ ਦੀ ਸ਼ਰਤ ਵੀ ਖ਼ਤਮ ਕਰ ਦਿੱਤੀ ਏ।

---------------------------------------------------------

ਪੰਜਾਬ ਪੁਲਿਸ ਨੇ ਪਾਕਿਸਤਾਨ ਸਥਿਤ ਤਸਕਰੀ ਰੈਕੇਟ ਦਾ ਪਰਦਾਫਾਸ਼ ਕਰਦਿਆਂ, ਸੂਬੇ ਵਿੱਚ 105 ਕਿਲੋਗ੍ਰਾਮ ਹੈਰੋਇਨ ਦੀ ਸਭ ਤੋਂ ਵੱਡੀ ਖੇਪ ਬਰਾਮਦ ਕੀਤੀ ਏ ।ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ, ਕੱਲ ਦੇਰ ਰਾਤ ਅੰਮ੍ਰਿਤਸਰ ਤੋਂ 2 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ, 105 ਹੈਰੋਇਨ, ਕਰੀਬ 32 ਕਿਲੋਗ੍ਰਾਮ ਕੈਫੀਨ, 17 ਕਿਲੋਗ੍ਰਾਮ DMR ਤੇ 6 ਪਿਸਤੌਲਾਂ ਜ਼ਬਤ ਕੀਤੀਆਂ ਨੇ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਇਸ ਬਾਰੇ ਵੇਰਵੇ ਸਾਂਝੇ ਕਰਦਿਆਂ ਦਸਿਆ । BYTE: ਪੰਜਾਬ ਪੁਲਿਸ ਮੁਖੀ ਨੇ ਦੱਸਿਆ ਕਿ ਇਸ ਮਾਮਲੇ 'ਚ ਤਸਕਰ ਪਾਕਿਸਤਾਨ ਤੋਂ ਰਬੜ ਦੇ ਟਾਇਰਾਂ 'ਚ ਨਸ਼ੀਲੇ ਪਦਾਰਥਾਂ ਦੀ ਢੋਆ-ਢੁਆਈ ਲਈ, ਜਲ ਮਾਰਗ ਦੀ ਵਰਤੋਂ ਕਰਦੇ ਸਨ। ਉਨ੍ਹਾਂ ਦੱਸਿਆ ਕਿ

ਖੁਫੀਆ ਸੂਚਨਾ 'ਤੇ ਆਧਾਰਿਤ ਕਾਰਵਾਈ ਦੌਰਾਨ ਇਨ੍ਹਾਂ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਏ।

---------------------------------------------------------------------------

ਫਾਜ਼ਿਲਕਾ ਵਿਖੇ ਬੀ.ਐੱਸ.ਐੱਫ ਦੀ 52ਵੀਂ ਬਟਾਲੀਅਨ ਨੇ, ਭਾਰਤ-ਪਾਕਿਸਤਾਨ ਸਰਹੱਦ 'ਤੇ ਕੰਡਿਆਲੀ ਤਾਰ ਨੇੜਿਓਂ ਦੋ ਵਿਅਕਤੀਆਂ ਨੂੰ ਕਾਬੂ ਕਰਕੇ, 540 ਗ੍ਰਾਮ ਹੈਰੋਇਨ, ਇਕ ਈ-ਮੋਬਾਈਲ ਅਤੇ ਇਕ ਅਮਰੀਕੀ ਡਾਲਰ ਬਰਾਮਦ ਕੀਤਾ ਏ।ਸੈਕਿੰਡ ਕਮਾਂਡਿੰਗ ਅਫਸਰ ਨਰੇਸ਼ ਸ਼ਿਓਰਾਣ ਨੇ ਦੱਸਿਆ ਕਿ ਫਾਜ਼ਿਲਕਾ ਸੈਕਟਰ ਦੇ ਸਰਹੱਦੀ ਪਿੰਡ ਟਾਹਲੀਵਾਲਾ ਨੇੜੇ ਰਾਤ ਦੀ ਗਸ਼ਤ ਦੌਰਾਨ ਬਟਾਲੀਅਨ ਦੇ ਬਾਰਡਰ ਗਾਰਡਾਂ ਨੇ ਸੇਮਨਾਲੇ ਕੋਲ 5 ਵਿਅਕਤੀਆਂ ਨੂੰ ਘੁੰਮਦੇ ਦੇਖ ਕੇ ਲਲਕਾਰਿਆ ਜਿਸਤੇ ਤਿੰਨ ਵਿਅਕਤੀ ਭੱਜਣ ਵਿੱਚ ਕਾਮਯਾਬ ਹੋ ਗਏ ਜਦਕਿ ਅੰਗਰੇਜ਼ ਸਿੰਘ ਤੇ ਵਿਕਰਮ ਸਿੰਘ ਨਾਂ ਦੇ ਦੋ ਵਿਅਕਤੀਆਂ ਨੂੰ ਕਾਬੂ ਕਰ ਲਿਆ ਗਿਆ। ਅਗਲੇਰੀ ਕਾਰਵਾਈ ਜਾਰੀ ਏ।

---------------------------------------------------------------------------

ਓਧਰ ਅੰਮ੍ਰਿਤਸਰ ਵਿਚ ਬੀ.ਐਸ.ਐਫ ਤੇ ਪੁਲਿਸ ਨੇ ਸਾਂਝੇ ਆਪ੍ਰੇਸ਼ਨ

ਦੌਰਾਨ ਅਟਾਰੀ ਦੇ ਪਿੰਡ ਰਾਜਾ ਤਾਲ ਵਿਖੇ ਦੋ ਡਰੋਨ ਤੇ ਅੱਧਾ ਕਿਲੋ ਹੀਰੋਇਨ ਦਾ ਪੈਕਟ ਬਰਾਮਦ ਕੀਤਾ ਏ।

---------------------------------------------------------------------------------

ਆਬਕਾਰੀ ਵਿਭਾਗ ਨੇ ਚੰਡੀਗੜ੍ਹ ਤੋਂ ਪੰਜਾਬ ਵਿੱਚ ਤਸਕਰੀ ਕੀਤੀ ਜਾ ਰਹੀ ਅੰਗਰੇਜ਼ੀ ਸ਼ਰਾਬ ਦੀਆਂ 175 ਪੇਟੀਆਂ ਜ਼ਬਤ ਕੀਤੀਆਂ ਨੇ। ਰੋਪੜ ਰੇਂਜ ਦੇ ਆਬਕਾਰੀ ਅਫਸਰ ਸ਼ੇਖਰ ਨੇ ਦੱਸਿਆ ਕਿ ਰੂਪਨਗਰ ਆਬਕਾਰੀ ਵਿਭਾਗ ਅਤੇ ਆਬਕਾਰੀ ਪੁਲਿਸ ਵੱਲੋਂ ਸਾਂਝੇ ਤੌਰ 'ਤੇ ਕਾਰਵਾਈ ਕਰਦਿਆਂ ਵੱਡੀ ਮਾਤਰਾ 'ਚ ਸ਼ਰਾਬ ਦੀ ਬਰਾਮਦਗੀ ਕੀਤੀ ਗਈ ਏ। ਜ਼ਬਤ ਕੀਤੀਆ 175 ਪੇਟੀਆਂ, ਜਿਸ ਦੀ ਕੀਮਤ ਕਰੀਬ 5 ਲੱਖ ਰੁਪਏ ਏ । ਉਨ੍ਹਾਂ ਦੱਸਿਆ ਕਿ ਇਹ ਕਾਰਵਾਈ ਗੁਪਤ ਸੂਚਨਾ ਦੇ ਆਧਾਰ 'ਤੇ ਪੁਲਿਸ ਨੇ ਬਹਿਰਾਮਪੁਰ, ਰੂਪਨਗਰ ਨੇੜੇ ਵਾਹਨਾਂ ਦੀ ਚੈਕਿੰਗ ਦੌਰਾਨ ਇੱਕ ਕੈਂਟਰ ਵਿੱਚ ਲੁਕੋਏ ਸ਼ਰਾਬ ਦੇ 175 ਡੱਬੇ ਬਰਾਮਦ ਕੀਤੇ। ਪੁਲਿਸ ਨੇ ਆਬਕਾਰੀ ਐਕਟ ਤਹਿਤ ਪਰਚਾ ਦਰਜ ਕਰਕੇ ਦੋ ਵਿਅਕਤੀਆਂ ਨੂੰ ਮੌਕੇ ਤੋਂ ਗ੍ਰਿਫ਼ਤਾਰ ਕਰ ਲਿਆ ਏ।

---------------------------------------------------------------------------------

BSF

ਸੀਮਾ ਸੁਰੱਖਿਆ ਬਲ ਵੱਲੋਂ ਅੰਮ੍ਰਿਤਸਰ ਦੇ ਖਾਸਾ ਸਥਿਤ ਹੈਡ ਕੁਆਰਟਰ ਵਿਖੇ ਇੱਕ ਪ੍ਰੋਗਰਾਮ ਕਰਵਾਉਂਦੇ ਹੋਏ ਦਿਵਾਲੀ ਦਾ ਤਿਉਹਾਰ ਮਨਾਇਆ ਗਿਆ । ਇਸ ਮੌਕੇ BSF ਦੇ ਅਧਿਕਾਰੀਆਂ ਤੇ ਜਵਾਨਾਂ ਨੇ ਪਰਿਵਾਰਾਂ ਸਮੇਤ ਸ਼ਿਰਕਤ ਕੀਤੀ । BSF ਅੰਮ੍ਰਿਤਸਰ ਸੈਕਟਰ ਦੇ ਡੀ.ਆਈ.ਜੀ SS ਚੰਦੇਲ ਵਿਸ਼ੇਸ਼ ਤੌਰ ਤੇ ਪਹੁੰਚੇ । ਡੀ.ਆਈ.ਜੀ ਚੰਦੇਲ ਨੇ ਕਿਹਾ ਕਿ ਕਿ ਫੌਜ ਦੀ ਨੌਕਰੀ ਤਣਾਅ ਭਰੀ ਹੁੰਦੀ ਏ ਅਤੇ ਘਰ ਤੋਂ ਦੂਰ ਰਹਿਣ ਵਾਲੇ ਜਵਾਨਾਂ ਲਈ ਦਿਵਾਲੀ ਦਾ ਤਿਓਹਾਰ ਮਨਾਇਆ ਜਾ ਰਿਹਾ ਏ । ਦਿਵਾਲੀ ਦੇ ਤਿਉਹਾਰ ਨੂੰ ਲੈ ਕੇ ਪਟਾਕਿਆਂ, ਮਠਿਆਈਆਂ ਸਮੇਤ ਹੋਰ ਚੀਜ਼ਾਂ ਦੇ ਸਟਾਲ ਲਗਾਏ ਗਏ ।

PTC-Monga

---

Mela ਮੁਹਾਲੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੰਜਾਬ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਸਹਿਯੋਗ ਨਾਲ ਸ਼ੁਰੂ ਹੋਏ ਸਰਸ ਮੇਲੇ ਦਾ ਅੱਜ ਆਖਰੀ ਦਿਨ ਏ । ਮੇਲੇ 'ਚ ਰਾਜਸਥਾਨ, ਹਰਿਆਣਾ, ਵੱਖ ਵੱਖ

ਸੂਬਿਆਂ ਦੀਆਂ ਸਟਾਲਾਂ ਲੋਕਾਂ ਦੀ ਖਿੱਚ ਦਾ ਕੇਂਦਰ ਬਣੀਆਂ ਹੋਈਆਂ ਨੇ। ਮੇਲੇ ਵਿਚ ਨੋਡਲ ਅਫ਼ਸਰ ਸੋਨਮ ਚੌਧਰੀ ਨੇ ਦੱਸਿਆ ਕਿ ਮੇਲੇ ਚ ਸਮੁੱਚੇ ਭਾਰਤ ਤੋਂ ਆਏ ਦਸਤਕਾਰ, ਕਲਾਕਾਰ, ਕਾਰੀਗਰ, ਸਵੈ ਸਹਾਇਤਾ ਗਰੁੱਪ, ਆਪਣੇ ਉਤਪਾਦਾਂ, ਖਾਣ ਪੀਣ ਦੀਆਂ ਵਸਤਾਂ, ਸਭਿਆਚਾਰਕ ਵੰਨਗੀਆਂ ਪੇਸ਼ ਕਰਕੇ ਜਿੱਥੇ ਲੋਕਾਂ ਦਾ ਮਨੋਰੰਜਨ ਕਰ ਰਹੇ ਨੇ। ਲੋਕਾਂ ਨੂੰ ਵਾਤਾਵਰਣ ਪ੍ਰਤੀ ਸਚੇਤ ਕਰਦਿਆਂ ਮੁਹਾਲੀ ਪ੍ਰਸ਼ਾਸਨ ਤੇ ਇਕ NGO ਰਾਉਂਡ ਗਲਾਸ ਫਾਊਂਡੇਸ਼ਨ ਵਲੋ ਮੁੱਫਤ ਬੂਟੇ ਵੰਡ ਕੇ ਹਵਾ ਸ਼ੁੱਧਤਾ ਦਾ ਸੁਨੇਹਾ ਵੀ ਦਿੱਤਾ ਗਿਆ।

--------------------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਸੂਬੇ ਭਰ ਵਿੱਚ ਕੱਲ 3 ਨਵੰਬਰ ਤੱਕ ਸਲਾਨਾ ਵਿਜੀਲੈਂਸ ਜਾਗਰੂਕਤਾ ਹਫ਼ਤਾ ਮਨਾਇਆ ਜਾ ਰਿਹਾ ਏ , ਜਿਸ ਦੌਰਾਨ ਨਾਗਰਿਕਾਂ ਅਤੇ ਸਰਕਾਰੀ ਮੁਲਾਜ਼ਮਾਂ ਨੂੰ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਬਾਰੇ ਜਾਗਰੂਕ ਕੀਤਾ ਜਾਵੇਗਾ। ਪਟਿਆਲਾ ਪੁਲਿਸ ਵਿਜੀਲੈਂਸ ਬਿਊਰੋ ਯੂਨਿਟ ਦੇ ਉਪ ਕਪਤਾਨ ਪਰਮਿੰਦਰ ਸਿੰਘ ਨੇ ਦੱਸਿਆ ਕਿ ਜਾਗਰੂਕਤਾ ਹਫ਼ਤੇ ਦੌਰਾਨ ਪਟਿਆਲਾ ਜ਼ਿਲ੍ਹੇ ਦੇ ਵੱਖ ਵੱਖ

ਕਾਲਜਾਂ ਵਿੱਚ ਵਿਜੀਲੈਂਸ ਜਾਗਰੂਕਤਾ ਸੈਮੀਨਾਰ ਕਰਵਾਏ ਜਾਣਗੇ । ਉਨ੍ਹਾਂ ਦੱਸਿਆ ਕਿ ਕੱਲ ਸਵੇਰੇ 11 ਵਜੇ ਸਰਕਾਰੀ ਬਹੁਤਕਨੀਕੀ ਕਾਲਜ ਐਸ.ਐਸ.ਟੀ ਨਗਰ ਵਿਖੇ ਅਤੇ ਸਰਕਾਰੀ ਰਿਪੁਦਮਨ ਕਾਲਜ ਨਾਭਾ ਵਿਖੇ 29 ਅਕਤੂਬਰ ਅਤੇ ਸਟੇਟ ਕਾਲਜ ਆਫ਼ ਐਜੂਕੇਸ਼ਨ ਪਟਿਆਲਾ ਵਿਖੇ 30 ਅਕਤੂਬਰ ਨੂੰ ਜਾਗਰੂਕਤਾ ਸੈਮੀਨਾਰ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਵਿਜੀਲੈਂਸ ਜਾਗਰੂਕਤਾ ਹਫ਼ਤੇ ਦਾ ਉਦੇਸ਼ ਕੇਂਦਰੀ ਵਿਜੀਲੈਂਸ ਕਮਿਸ਼ਨ ਦੀ ਸੋਚ ਅਨੁਸਾਰ 'ਦੇਸ਼ ਦੀ ਖੁਸ਼ਹਾਲੀ ਲਈ ਇਮਾਨਦਾਰੀ ਵਾਲੇ ਸੱਭਿਆਚਾਰ' ਦੀ ਸਿਰਜਣਾ ਕਰਨਾ ਏ।

--------------------------------------------------------------------------------

ਸੀਮਾ ਸੁਰੱਖਿਆ ਬਲ ਵੱਲੋਂ ਅੰਮ੍ਰਿਤਸਰ ਦੇ ਖਾਸਾ ਸਥਿਤ ਹੈਡ ਕੁਆਰਟਰ ਵਿਖੇ ਇੱਕ ਪ੍ਰੋਗਰਾਮ ਕਰਵਾਉਂਦੇ ਹੋਏ ਦਿਵਾਲੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ BSF ਦੇ ਅਧਿਕਾਰੀਆਂ ਤੇ ਜਵਾਨਾਂ ਨੇ ਪਰਿਵਾਰਾਂ ਸਮੇਤ ਸ਼ਿਰਕਤ ਕੀਤੀ। BSF ਅੰਮ੍ਰਿਤਸਰ ਸੈਕਟਰ ਦੇ ਡੀ.ਆਈ.ਜੀ SS ਚੰਦੇਲ ਵਿਸ਼ੇਸ਼ ਤੌਰ ਤੇ ਪਹੁੰਚੇ। ਡੀ.ਆਈ.ਜੀ ਚੰਦੇਲ ਨੇ ਕਿਹਾ ਕਿ ਕਿ ਫੌਜ ਦੀ ਨੌਕਰੀ ਤਣਾਅ ਭਰੀ

ਹੁੰਦੀ ਏ ਅਤੇ ਘਰ ਤੋਂ ਦੂਰ ਰਹਿਣ ਵਾਲੇ ਜਵਾਨਾਂ ਲਈ  ਦਿਵਾਲੀ ਦਾ ਤਿਓਹਾਰ ਮਨਾਇਆ ਜਾ ਰਿਹਾ ਏ। ਦਿਵਾਲੀ ਦੇ ਤਿਉਹਾਰ ਨੂੰ ਲੈ ਕੇ ਪਟਾਕਿਆਂ, ਮਠਿਆਈਆਂ ਸਮੇਤ ਹੋਰ ਚੀਜ਼ਾਂ ਦੇ ਸਟਾਲ ਲਗਾਏ ਗਏ ।

-----------------------------------------------------------------------------------

ਮੁਹਾਲੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੰਜਾਬ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਸਹਿਯੋਗ ਨਾਲ  ਸ਼ੁਰੂ ਹੋਏ ਸਰਸ ਮੇਲੇ ਦਾ ਅੱਜ ਆਖਰੀ ਦਿਨ ਏ ।ਮੇਲੇ 'ਚ ਰਾਜਸਥਾਨ, ਹਰਿਆਣਾ, ਵੱਖ ਵੱਖ ਸੂਬਿਆਂ ਦੀਆਂ ਸਟਾਲਾਂ ਲੋਕਾਂ ਦੀ ਖਿੱਚ ਦਾ ਕੇਂਦਰ ਬਣੀਆਂ ਹੋਈਆਂ ਨੇ ।  ਮੇਲੇ ਵਿਚ ਨੋਡਲ ਅਫ਼ਸਰ ਸੋਨਮ ਚੌਧਰੀ ਨੇ ਦੱਸਿਆ ਕਿ ਮੇਲੇ ਚ ਸਮੁੱਚੇ ਭਾਰਤ ਤੋਂ ਆਏ ਦਸਤਕਾਰ, ਕਲਾਕਾਰ, ਕਾਰੀਗਰ, ਸਵੈ ਸਹਾਇਤਾ ਗਰੁੱਪ, ਆਪਣੇ  ਉਤਪਾਦਾਂ, ਖਾਣ ਪੀਣ ਦੀਆਂ ਵਸਤਾਂ, ਸਭਿਆਚਾਰਕ ਵੰਨਗੀਆਂ ਪੇਸ਼ ਕਰਕੇ ਜਿੱਥੇ ਲੋਕਾਂ ਦਾ ਮਨੋਰੰਜਨ ਕਰ ਰਹੇ ਨੇ। ਲੋਕਾਂ ਨੂੰ ਵਾਤਾਵਰਣ ਪ੍ਰਤੀ ਸਚੇਤ ਕਰਦਿਆਂ ਮੁਹਾਲੀ ਪ੍ਰਸ਼ਾਸਨ ਤੇ ਇਕ NGO ਰਾਉਂਡ ਗਲਾਸ ਫਾਊਂਡੇਸ਼ਨ  ਵਲੋ ਮੁੱਫਤ ਬੂਟੇ  ਵੰਡ ਕੇ ਹਵਾ ਸ਼ੁੱਧਤਾ ਦਾ ਸੁਨੇਹਾ ਵੀ ਦਿੱਤਾ ਗਿਆ।

--------------------------------------------------------------------------

ਮਹਾਤਮਾ ਗਾਂਧੀ ਚਿੱਤਰਕੂਟ ਗ੍ਰਾਮੋਦਿਆ ਯੂਨੀਵਰਸਿਟੀ, ਚਿਤਰਕੂਟ ਵਲੋਂ "ਵਾਤਾਵਰਣ ਸੰਭਾਲ ਅਤੇ ਪੇਂਡੂ ਵਿਕਾਸ ਵਿੱਚ ਖੇਤੀਬਾੜੀ, ਜੰਗਲੀ ਅਤੇ ਘਰੇਲੂ ਜਾਨਵਰਾਂ ਦੀ ਭੂਮਿਕਾ" ਵਿਸ਼ੇ 'ਤੇ ਦੋ ਰੋਜ਼ਾ ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ । ਇਸ ਮੌਕੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਚ ਵਾਤਾਵਰਣ ਅਧਿਐਨ ਵਿਭਾਗ  ਦੇ ਪ੍ਰੋਫੈਸਰ ਸੁਮਨ ਮੋਰ ਨੇ ਦੇਸ਼ ਵਿੱਚ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਅਤੇ ਸਾਫ਼-ਸੁਥਰੇ ਰਸੋਈ ਈਂਧਨ  ਨਾਲ ਸਬੰਧਤ ਚੁਣੌਤੀਆਂ ਦਾ ਜ਼ਿਕਰ ਕੀਤਾ। ਉਨ੍ਹਾਂ ਨੇ ਤਰਲ ਪੈਟਰੋਲੀਅਮ ਗੈਸ (LPG) ਵਰਗੇ ਸਾਫ਼ ਈਂਧਨ ਦੇ ਵਿਸਤਾਰ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਦੇਸ਼ ਭਰ ਵਿੱਚ ਐਲ.ਪੀ.ਜੀ ਸਿਲੰਡਰ ਪ੍ਰਦਾਨ ਕਰਨ ਵਿੱਚ ਪ੍ਰਧਾਨ ਮੰਤਰੀ ਉੱਜਵਲਾ ਯੋਜਨਾ  ਦੀ ਭੂਮਿਕਾ ਨੂੰ ਉਜਾਗਰ ਕੀਤਾ। ਉਨ੍ਹਾਂ ਦੱਸਿਆ ਕਿ ਪੇਂਡੂ ਘਰਾਂ ਵਿੱਚ, ਠੋਸ ਜੈਵ ਈਧਨ  ਦੀ ਵਰਤੋਂ ਘਰ ਦੇ ਅੰਦਰ ਹਵਾ ਪ੍ਰਦੂਸ਼ਣ ਦਾ ਕਾਰਨ ਬਣਦੀ ਏ  ਜਿਸ ਨਾਲ ਸਾਹ ਅਤੇ ਦਿਲ ਦੀ ਬਿਮਾਰੀ ਵਰਗੀਆਂ ਗੰਭੀਰ ਸਿਹਤ ਸਮੱਸਿਆਵਾਂ ਪੈਦਾ ਹੁੰਦੀਆਂ ਨੇ । ਉਸਨੇ ਸਵੱਛ  ਈਂਧਨ ਨੂੰ

ਅਪਣਾਉਣ ਦੀਆਂ ਰੁਕਾਵਟਾਂ ਬਾਰੇ ਵੀ ਚਰਚਾ ਕੀਤੀ ਅਤੇ ਮਿਸ਼ਨ ਲਾਈਫ ਦੀ ਮਹੱਤਤਾ ਦਾ ਜ਼ਿਕਰ ਕੀਤਾ, ਜਿਸਦਾ ਉਦੇਸ਼ ਹਵਾ ਪ੍ਰਦੂਸ਼ਣ ਨੂੰ ਘਟਾਉਣਾ ਏ।

---

ਇੰਡੀਅਨ ਆਇਲ ਮੁੰਬਈ ਨੇ, ਭਾਰਤ ਪੈਟਰੋਲੀਅਮ ਮੁੰਬਈ ਨੂੰ 3-0 ਦੇ ਫਰਕ ਨਾਲ ਹਰਾ ਕੇ, 41ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਦੇ ਖਿਤਾਬ , 6ਵੀਂ ਵਾਰ ਆਪਣੇ ਨਾਮ ਕੀਤਾ। ਇਸ ਤੋਂ ਪਹਿਲਾਂ ਇੰਡੀਅਨ ਆਇਲ ਮੁੰਬਈ ਨੇ ਸਾਲ 2007, 2010, 2012, 2014 ਅਤੇ 2023 ਵਿੱਚ ਇਹ ਖਿਤਾਬ ਜਿੱਤਿਆ ਸੀ। ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿਖੇ ਸਪੰਨ ਹੋਏ, ਇਸ ਟੂਰਨਾਮੈਂਟ ਦੀਆਂ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਡਿਪਟੀ ਕਮਿਸ਼ਨਰ ਜਲੰਧਰ ਡਾਕਟਰ ਹਿਮਾਸ਼ੂ ਅਗਰਵਾਲ ਨੇ ਕੀਤੀ। ਜੇਤੂ ਟੀਮ ਨੂੰ ਜੇਤੂ ਟਰਾਫੀ ਦੇ ਨਾਲ ਸਾਢੇ 5 ਲੱਖ ਰੁਪਏ ਦਾ ਨਕਦ ਇਨਾਮ ਦਿੱਤਾ ਗਿਆ, ਜਦਕਿ ਉਪ ਜੇਤੂ ਟੀਮ ਨੂੰ ਟਰਾਫੀ ਦੇ ਨਾਲ ਢਾਈ 2 ਲੱਖ ਰੁਪਏ ਦਾ ਇਨਾਮ ਦਿੱਤਾ ਗਿਆ। ਇਸ ਮੌਕੇ ਸੁਰਜੀਤ ਹਾਕੀ ਸੋਸਾਇਟੀ ਵਲੋਂ, 1975 ਵਿਸ਼ਵ ਕੱਪ ਜੇਤੂ ਭਾਰਤੀ ਹਾਕੀ ਟੀਮ ਦੇ ਖਿਡਾਰੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਨ੍ਹਾਂ ਖਿਡਾਰੀਆਂ ਨੂੰ ਸੁਰਜੀਤ ਹਾਕੀ

ਸੋਸਾਇਟੀ ਦੇ ਪ੍ਰਧਾਨ ਤੇ ਡਿਪਟੀ ਕਮਿਸ਼ਨਰ ਹਿਮਾਸ਼ੂ ਅਗਰਵਾਲ ਨੇ ਸਨਮਾਨਿਤ ਕੀਤਾ। ਸਨਮਾਨਿਤ ਕੀਤੇ ਜਾਣ ਵਾਲੇ ਖਿਡਾਰੀਆਂ ਵਿੱਚ, ਵਿਸ਼ਵ ਕੱਪ ਜੇਤੂ ਭਾਰਤੀ ਹਾਕੀ ਟੀਮ ਦੇ ਕਪਤਾਨ, ਉਲੰਪੀਅਨ ਅਜੀਤਪਾਲ ਸਿੰਘ, ਅਸ਼ੋਕ ਧਿਆਨ ਚੰਦ, ਬ੍ਰਿ-ਗੇਡੀਅਰ ਹਰਚਰਨ ਸਿੰਘ, ਬੀ. ਪੀ. ਗੋਵਿੰਦਾ, ਅਸਲਮ ਸ਼ੇਰ ਖਾਨ, ਓਂਕਾਰ ਸਿੰਘ, ਹਰਿੰਦਰਜੀਤ ਸਿੰਘ ਚਿਮਨੀ, ਅਸ਼ੋਕ ਦਿਵਾਨ, ਪੀ. ਕਲੰਈਆ ਅਤੇ ਉਲੰਪੀਅਨ ਐਲ ਫਰਨਾਂਡੇਂਜ ਸ਼ਾਮਲ ਨੇ ।

---

ਰਿਆਤ ਬਾਹਰਾ ਯੂਨੀਵਰਸਿਟੀ ਦੇ ਸਕੂਲ ਆਫ਼ ਐਗਰੀਕਲਚਰ ਸਾਇੰਸਜ਼ ਵੱਲੋਂ ਕ੍ਰਿਸ਼ੀ ਵਿਗਿਆਨ ਕੇਂਦਰ, ਮੋਹਾਲੀ ਅਤੇ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸ ਯੂਨੀਵਰਸਿਟੀ ਲੁਧਿਆਣਾ ਦੇ ਸਹਿਯੋਗ ਨਾਲ " ਫਸਲੀ ਰਹਿੰਦ-ਖੂੰਹਦ ਪ੍ਰਬੰਧਨ" ਵਿਸ਼ੇ 'ਤੇ ਇੱਕ ਵਰਕਸ਼ਾਪ ਅਤੇ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ । ਵਰਕਸ਼ਾਪ ਦਾ ਉਦਘਾਟਨ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ: ਸਤੀਸ਼ ਕੁਮਾਰ ਬਾਂਸਲ ਨੇ ਕ੍ਰਿਸ਼ੀ ਵਿਗਿਆਨ ਕੇਂਦਰ ਦੀ ਟੀਮ ਨਾਲ ਮਿਲ ਕੇ ਕੀਤਾ। ਯੂਨੀਵਰਸਿਟੀ ਸਕੂਲ ਆਫ਼ ਐਗਰੀਕਲਚਰ ਸਾਇੰਸਜ਼ ਦੀ ਮੁਖੀ ਡਾ: ਅਮਿਤਾ ਮਹਾਜਨ ਨੇ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਵਾਤਾਵਰਣ ਨੂੰ ਹੋਣ ਵਾਲੇ ਪ੍ਰਦੂਸ਼ਣ ਤੋਂ ਬਚਣਾ ਸਮੇਂ ਦੀ

ਲੋੜ ਏ । ਡਾ: ਬਾਂਸਲ ਨੇ  ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਪੈਦਾ ਹੋਣ ਵਾਲੀਆਂ ਸਮੱਸਿਆਵਾਂ  ਅਤੇ ਇਸ ਲਈ ਵਿਗਿਆਨੀਆਂ ਤੋਂ ਹੱਲ ਮੰਗੇ ।  ਡਿਪਟੀ ਡਾਇਰੈਕਟਰ ਡਾ: ਬਲਬੀਰ ਖੱਡਾ ਨੇ  ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ" ਵਿਸ਼ੇ 'ਤੇ ਜਾਣਕਾਰੀ ਦਿੱਤੀ ।

---

**ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਡਿਜੀਟਲ ਅਰੈਸਟ ਦੇ ਨਾਂ 'ਤੇ ਕੀਤੀ ਜਾ ਰਹੀ ਧੋਖਾਧੜੀ 'ਤੇ ਚਿੰਤਾ ਜ਼ਾਹਰ ਕੀਤੀ -ਉਨ੍ਹਾਂ ਨੇ ਲੋਕਾਂ ਨੂੰ, ਨਾ ਘਬਰਾਉਣ ਅਤੇ ਡਿਜੀਟਲ ਸੁਰੱਖਿਆ ਲਈ ਜ਼ਰੂਰੀ ਕਦਮ ਚੁੱਕਣ ਦੀ  ਦਿੱਤੀ ਸਲਾਹ ।
- ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿਚ,  ਦੇਸ਼ ਵਿਦੇਸ਼ 'ਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਪ੍ਰਧਾਨ ਮੰਤਰੀ ਨੇ, ਤਿਓਹਾਰਾਂ ਦੇ ਇਸ ਸੀਜ਼ਨ ਦੌਰਾਨ 'ਵੋਕਲ ਫਾਰ ਲੋਕਲ' ਦੇ ਮੰਤਰ ਨਾਲ ਖਰੀਦਦਾਰੀ ਕਰਨ ਦਾ ਸੱਦਾ ਦਿੱਤਾ ।
- ਪੰਜਾਬ ਪੁਲਿਸ ਨੇ ਪਾਕਿਸਤਾਨ ਸਥਿਤ ਤਸਕਰੀ ਰੈਕੇਟ ਦਾ ਪਰਦਾਫਾਸ਼ ਕਰਦਿਆਂ, ਸੂਬੇ ਵਿੱਚ 105 ਕਿਲੋਗ੍ਰਾਮ ਹੈਰੋਇਨ ਦੀ ਸਭ ਤੋਂ ਵੱਡੀ ਖੇਪ ਬਰਾਮਦ ਕੀਤੀ ।

- ਇੰਡੀਅਨ ਆਇਲ ਮੁੰਬਈ ਨੇ, 41ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਦਾ ਖਿਤਾਬ 6ਵੀਂ ਵਾਰ ਆਪਣੇ ਨਾਮ ਕੀਤਾ।